ਸੂਹੀ ਮਹਲਾ ੫ ਗੁਣਵੰਤੀ ॥ ਜੋ ਦੀਸੈ ਗੁਰਸਿਖੜਾ ਤਿਸੁ ਨਿਵਿ ਨਿਵਿ ਲਾਗਉ ਪਾਇ ਜੀਉ ॥ ਆਖਾ ਬਿਰਥਾ ਜੀਅ ਕੀ ਗੁਰੁ ਸਜਣੁ ਦੇਹਿ ਮਿਲਾਇ ਜੀਉ ॥ ਸੋਈ ਦਸਿ ਉਪਦੇਸੜਾ ਮੇਰਾ ਮਨੁ ਅਨਤ ਨ ਕਾਹੂ ਜਾਇ ਜੀਉ ॥ ਇਹੁ ਮਨੁ ਤੈ ਕੂੰ ਡੇਵਸਾ ਮੈ ਮਾਰਗੁ ਦੇਹੁ ਬਤਾਇ ਜੀਉ ॥ ਹਉ ਆਇਆ ਦੂਰਹੁ ਚਲਿ ਕੈ ਮੈ ਤਕੀ ਤਉ ਸਰਣਾਇ ਜੀਉ ॥ ਮੈ ਆਸਾ ਰਖੀ ਚਿਤਿ ਮਹਿ ਮੇਰਾ ਸਭੋ ਦੁਖੁ ਗਵਾਇ ਜੀਉ ॥ ਇਤੁ ਮਾਰਗਿ ਚਲੇ ਭਾਈਅੜੇ ਗੁਰੁ ਕਹੈ ਸੁ ਕਾਰ ਕਮਾਇ ਜੀਉ ॥ ਤਿਆਗੇਂ ਮਨ ਕੀ ਮਤੜੀ ਵਿਸਾਰੇਂ ਦੂਜਾ ਭਾਉ ਜੀਉ ॥ ਇਉ ਪਾਵਹਿ ਹਰਿ ਦਰਸਾਵੜਾ ਨਹ ਲਗੈ ਤਤੀ ਵਾਉ ਜੀਉ ॥ ਹਉ ਆਪਹੁ ਬੋਲਿ ਨ ਜਾਣਦਾ ਮੈ ਕਹਿਆ ਸਭੁ ਹੁਕਮਾਉ ਜੀਉ ॥ ਹਰਿ ਭਗਤਿ ਖਜਾਨਾ ਬਖਸਿਆ ਗੁਰਿ ਨਾਨਕਿ ਕੀਆ ਪਸਾਉ ਜੀਉ ॥ ਮੈ ਬਹੁੜਿ ਨ ਤ੍ਰਿਸਨਾ ਭੁਖੜੀ ਹਉ ਰਜਾ ਤ੍ਰਿਪਤਿ ਅਘਾਇ ਜੀਉ ॥ ਜੋ ਗੁਰ ਦੀਸੈ ਸਿਖੜਾ ਤਿਸੁ ਨਿਵਿ ਨਿਵਿ ਲਾਗਉ ਪਾਇ ਜੀਉ ॥੩॥ {ਪੰਨਾ 763}

ਪਦਅਰਥ:- ਗੁਣਵੰਤੀ—ਗੁਣਾਂ ਵਾਲੀ। ਸਿਖੜਾ —ਪਿਆਰਾ ਸਿੱਖ। ਲਾਗਉ —ਮੈਂ ਲੱਗਾਂ। ਪਾਇ —ਪੈਰੀਂ। ਬਿਰਥਾ—ਪੀੜਾ, ਦੁੱਖ। ਜੀਅ ਕੀ —ਜਿੰਦ ਦੀ। ਉਪਦੇਸੜਾ —ਸੋਹਣਾ ਉਪਦੇਸ਼। ਅਨਤ —{ANX>} ਕਿਸੇ ਹੋਰ ਪਾਸੇ। ਤੈ ਕੂੰ—ਤੈਨੂੰ। ਡੇਵਸਾ—ਮੈਂ ਦੇ ਦਿਆਂਗਾ। ਮਾਰਗੁ—ਰਸਤਾ।

ਹਉ—ਮੈਂ। ਸਰਣਾਇ—ਆਸਰਾ। ਮਹਿ—ਵਿਚ। ਸਭੋ—ਸਭੁ, ਸਾਰਾ।

ਇਤੁ ਮਾਰਗਿ—ਇਸ ਰਸਤੇ ਉਤੇ। ਭਾਈਅੜੇ —ਪਿਆਰੇ ਭਰਾ। ਤਿਆਗੇਂ —ਜੇ ਤੂੰ ਤਿਆਗ ਦੇਵੇਂ। ਮਤੜੀ—ਕੋਝੀ ਮਤਿ। ਵਿਸਾਰੇਂ —ਜੇ ਤੂੰ ਵਿਸਾਰ ਦੇਵੇਂ। ਭਾਉ —ਪਿਆਰ। ਇਉ —ਇਸ ਤਰ੍ਹਾਂ। ਦਰਸਾਵੜਾ—ਸੋਹਣਾ ਦੀਦਾਰ। ਵਾਉ—ਹਵਾ। ਤਤੀ ਵਾਉ—ਸੇਕ, ਦੁੱਖ-ਕਲੇਸ਼।

ਆਪਹੁ—ਆਪਣੇ ਆਪ ਤੋਂ, ਆਪਣੀ ਅਕਲ ਨਾਲ। ਹੁਕਮਾਉ—ਪ੍ਰਭੂ ਦਾ ਹੁਕਮ ਹੀ। ਗੁਰਿ—ਗੁਰੂ ਨੇ। ਨਾਨਕਿ—ਨਾਨਕ ਨੇ। ਪਸਾਉ—ਪ੍ਰਸਾਦੁ, ਕਿਰਪਾ। ਬਹੁੜਿ—ਮੁੜ। ਮੈਂ—ਮੈਨੂੰ। ਭੁਖੜੀ—ਭੈੜੀ ਭੁੱਖ। ਹਉ—ਮੈਂ। ਅਘਾਇ—ਰੱਜ ਕੇ। ਰਜਾ ਤ੍ਰਿਪਤਿ ਅਘਾਇ —ਖਾ ਪੀ ਕੇ ਚੰਗੀ ਤਰ੍ਹਾਂ ਰੱਜ ਗਿਆ ਹਾਂ। ਗੁਰ ਸਿਖੜਾ—ਗੁਰੂ ਦਾ ਪਿਆਰਾ ਸਿੱਖ।3।

ਅਰਥ:- ਮੈਨੂੰ ਜੇਹੜਾ ਭੀ ਕੋਈ ਗੁਰੂ ਦਾ ਪਿਆਰਾ ਸਿੱਖ ਮਿਲ ਪੈਂਦਾ ਹੈ , ਮੈਂ ਨੀਊਂ ਨੀਊਂ ਕੇ (ਭਾਵ, ਨਿਮ੍ਰਤਾ-ਅਧੀਨਗੀ ਨਾਲ) ਉਸ ਦੀ ਪੈਰੀਂ ਲੱਗਦਾ ਹਾਂ , ਤੇ ਉਸ ਨੂੰ ਆਪਣੇ ਦਿਲ ਦੀ ਪੀੜਾ (ਤਾਂਘ) ਦੱਸਦਾ ਹਾਂ (ਤੇ ਬੇਨਤੀ ਕਰਦਾ ਹਾਂ—ਹੇ ਗੁਰਸਿੱਖ!) ਮੈਨੂੰ ਸੱਜਣ-ਗੁਰੂ ਮਿਲਾ ਦੇ। ਮੈਨੂੰ ਕੋਈ ਅਜੇਹਾ ਸੋਹਣਾ ਉਪਦੇਸ਼ ਦੱਸ (ਜਿਸ ਦੀ ਬਰਕਤਿ ਨਾਲ) ਮੇਰਾ ਮਨ ਕਿਸੇ ਹੋਰ ਪਾਸੇ ਵਲ ਨਾਹ ਜਾਏ। ਮੈਂ

ਆਪਣਾ ਇਹ ਮਨ ਤੇਰੇ ਹਵਾਲੇ ਕਰ ਦਿਆਂਗਾ , ਮੈਨੂੰ ਰਸਤਾ ਦੱਸ (ਜਿਸ ਰਾਹੇ ਪੈ ਕੇ ਪ੍ਰਭੂ ਦਾ ਦਰਸਨ ਕਰ ਸਕਾਂ)। ਮੈਂ (ਚੌਰਾਸੀ ਲੱਖ ਦੇ) ਦੂਰ ਦੇ ਪੈਂਡੇ ਤੋਂ ਤੁਰ ਕੇ ਆਇਆ ਹਾਂ , ਹੁਣ ਮੈਂ ਤੇਰਾ ਆਸਰਾ ਤੱਕਿਆ ਹੈ। ਮੈਂ ਆਪਣੇ ਚਿੱਤ ਵਿਚ ਇਹ ਆਸ ਰੱਖੀ ਹੋਈ ਹੈ ਕਿ ਤੂੰ ਮੇਰਾ ਸਾਰਾ ਦੁੱਖ ਦੂਰ ਕਰ ਦੇਵੇਂਗਾ।

(ਅੱਗੋਂ ਉੱਤਰ ਮਿਲਦਾ ਹੈ—) ਇਸ ਰਸਤੇ ਉਤੇ ਜੇਹੜੇ ਗੁਰ-ਭਾਈ ਤੁਰਦੇ ਹਨ (ਉਹ ਗੁਰੂ ਦੀ ਦੱਸੀ ਕਾਰ ਕਰਦੇ ਹਨ) ਤੂੰ ਭੀ ਉਹੀ ਕਾਰ ਕਰ ਜੋ ਗੁਰੂ ਦੱਸਦਾ ਹੈ। ਜੇ ਤੂੰ ਆਪਣੇ ਮਨ ਦੀ ਕੋਝੀ ਮਤਿ ਛੱਡ ਦੇਵੇਂ, ਜੇ ਤੂੰ ਪ੍ਰਭੂ ਤੋਂ ਬਿਨਾ ਹੋਰ (ਮਾਇਆ ਆਦਿਕ) ਦਾ ਪਿਆਰ ਭੁਲਾ ਦੇਵੇਂ, ਤਾਂ ਇਸ ਤਰ੍ਹਾਂ ਤੂੰ ਪ੍ਰਭੂ ਦਾ ਸੋਹਣਾ ਦਰਸਨ ਕਰ ਲਵੇਂਗਾ , ਤੈਨੂੰ ਕੋਈ ਦੁੱਖ-ਕਲੇਸ਼ ਨਹੀਂ ਵਿਆਪੇਗਾ। ਮੈਂ ਜੋ ਕੁਝ ਤੈਨੂੰ ਦੱਸਿਆ ਹੈ ਗੁਰੂ ਦਾ ਹੁਕਮ ਹੀ ਦੱਸਿਆ ਹੈ , ਮੈਂ ਆਪਣੀ ਅਕਲ ਦਾ ਆਸਰਾ ਲੈ ਕੇ ਇਹ ਰਸਤਾ ਨਹੀਂ ਦੱਸ ਰਿਹਾ। ਜਿਸ (ਸੁਭਾਗ ਬੰਦੇ) ਉਤੇ ਨਾਨਕ ਨੇ ਕਿਰਪਾ ਕੀਤੀ ਹੈ, ਪਰਮਾਤਮਾ ਨੇ ਉਸ ਨੂੰ ਆਪਣੀ ਭਗਤੀ ਦਾ ਖ਼ਜ਼ਾਨਾ ਬਖ਼ਸ਼ ਦਿੱਤਾ ਹੈ। (ਗੁਰੂ ਨਾਨਕ ਦੀ ਮੇਹਰ ਦਾ ਸਦਕਾ ਮੈਂ ਪੂਰਨ ਤੌਰ ਤੇ ਰੱਜ ਗਿਆ ਹਾਂ, ਮੈਨੂੰ ਹੁਣ ਮਾਇਆ ਦੀ ਕੋਈ ਭੁੱਖ ਨਹੀਂ ਸਤਾਂਦੀ।

ਮੈਨੂੰ ਜੇਹੜਾ ਭੀ ਕੋਈ ਗੁਰੂ ਦਾ ਪਿਆਰਾ ਸਿੱਖ ਮਿਲ ਪੈਂਦਾ ਹੈ, ਮੈਂ ਨਿਮ੍ਰਤਾ-ਅਧੀਨਗੀ ਨਾਲ ਉਸ ਦੀ ਪੈਰੀਂ ਲੱਗਦਾ ਹਾਂ।3।